ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ
ਐਟ ਪੰ.ਸ.ਸਿੱ.ਬੋਰਡ ਕੰਪਲੈਕਸ, ਫੇਜ਼-VIII, ਐਸ.ਏ.ਐਸ. ਨਗਰ।
(ਕੋਆਰਡੀਨੇਸ਼ਨ ਸ਼ਾਖਾ)
(email. dgsecoordination@punjabeducation.gov.in)

---

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।

ਮੀਮੋ ਨੰ. 597471/DPISE-Cord/5/2024
ਮਿਤੀ:

ਵਿਸ਼ਾ:- ਹਥਿਆਰਬੰਦ ਸੈਨਾ ਝੰਡਾ ਦਿਵਸ 7 ਦਸੰਬਰ 2024 ਨੂੰ ਮਨਾਉਣ ਸਬੰਧੀ।

ਹਵਾਲਾ: ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ (ਰੱਖਿਆ ਭਲਾਈ ਸ਼ਾਖਾ) ਦਾ ਪੱਤਰ ਨੰ. DSWD-1/1/2019-1DW/926173 ਮਿਤੀ 11.09.2024.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱ.ਅੰ. ਨੰ. ਉਕਤ/2024308374-77 ਮਿਤੀ 29-11-24

1. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।
2. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਡੀ.ਐਸ.ਈ. (ਸੈਕੰਡਰੀ/ਐਲੀਮੈਂਟਰੀ), ਪੰਜਾਬ।
3. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਡੀ.ਜੀ.ਐਸ.ਈ. ਪੰਜਾਬ।
4. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਐਸ.ਸੀ.ਈ.ਆਰ.ਟੀ. ਪੰਜਾਬ।

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

1/92 6173/2024

DSWO-1/1/2019-1DW

(1)

**ਪੰਜਾਬ ਸਰਕਾਰ**

**ਰੱਖਿਆ ਸੇਵਾਵਾਂ ਭਲਾਈ ਵਿਭਾਗ**

**(ਰੱਖਿਆ ਭਲਾਈ ਸ਼ਾਖਾ)**

ਸੇਵਾ ਵਿਖੇ,

ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਡਵੀਜਨਾਂ ਦੇ ਕਮਿਸ਼ਨਰ, ਡਿਪਟੀ ਕਮਿਸ਼ਨਰਜ,
ਪੰਜਾਬ ਰਾਜ ਦੇ ਬੋਰਡ/ਕਾਰਪੋਰੇਸ਼ਨਾਂ ਦੇ ਮੁਖੀ,

**ਵਿਸ਼ਾ: ਹਥਿਆਰਬੰਦ ਸੈਨਾ ਝੰਡਾ ਦਿਵਸ 7 ਦਸੰਬਰ 2024 ਨੂੰ ਮਨਾਉਣ ਸਬੰਧੀ।**

24/09/24
AD SE

ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2. ਹਰ ਸਾਲ ਹਥਿਆਰਬੰਦ ਸੈਨਾ ਝੰਡਾ ਦਿਵਸ ਮਿਤੀ 07 ਦਸੰਬਰ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਰਾਸ਼ਟਰ ਆਪਣੇ ਬਹਾਦਰ ਸੈਨਿਕਾ ਵਲੋਂ ਦੇਸ਼ ਦੀ ਰੱਖਿਆ ਲਈ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕਰਦਾ ਹੈ। ਸੇਵਾ ਕਰ ਰਹੇ ਅਤੇ ਸਾਬਕਾ ਸੈਨਿਕਾਂ ਦੀ ਬਹਾਦਰੀ ਪ੍ਰਤੀ ਸਲੂਟ ਕਰਨ ਦਾ ਇਹ ਇੱਕ ਸੁਨਹਿਰੀ ਮੌਕਾ ਹੈ।

3. ਹਥਿਆਰਬੰਦ ਸੈਨਾ ਝੰਡਾ ਦਿਵਸ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਿਤੀ 07 ਦਸੰਬਰ 2024 ਨੂੰ ਮਨਾਇਆ ਜਾ ਰਿਹਾ ਹੈ। ਅਤਿ ਮੱਹਤਵਪੂਰਨ ਵਿਅਕਤੀਆਂ ਅਤੇ ਸਮੂਹ ਭਾਰਤੀ ਨਾਗਰਿਕਾਂ ਦੇ ਝੰਡਾਂ ਲਾਉਣ ਦੀ ਰਸਮ 07 ਦਸੰਬਰ 2024 ਨੂੰ ਹੋਵੇਗੀ।

4. ਵਿਭਾਗਾਂ ਅਤੇ ਜਿਲ੍ਹਾ ਪ੍ਰਸ਼ਾਸਨ ਵਲੋਂ ਝੰਡੇ ਦੇ ਸਨਮਾਨ ਵਿਚ ਵਿੱਤੀ ਅੰਸ਼ਦਾਨ ਇਕੱਠਾ ਕੀਤਾ ਜਾਂਦਾ ਹੈ। ਇਕੱਤਰ ਹੋਈ ਰਾਸ਼ੀ ਕੇਂਦਰ ਅਤੇ ਰਾਜਿਆ ਸੈਨਿਕ ਬੋਰਡ ਵਲੋਂ ਲਾਗੂ ਕੀਤੀਆਂ ਕਈ ਪ੍ਰਕਾਰ ਦੀਆਂ ਭਲਾਈ ਸਕੀਮਾਂ ਵਿਚ ਵਰਤੀ ਜਾਂਦੀ ਹੈ। ਦਾਨ ਰਾਸ਼ੀ ਵਿੱਚੋ ਪੰਜਾਬ ਰਾਜ ਨਾਲ ਸਬੰਧਤ ਰੱਖਦੀਆ ਵਿਧਵਾਵਾਂ, ਅਪੰਗ ਸੈਨਿਕਾਂ, ਸਾਬਕਾ ਸੈਨਿਕਾਂ, ਉਨ੍ਹਾਂ ਦੇ ਆਸ਼ਰਿਤਾਂ ਅਤੇ ਸੇਵਾ ਕਰ ਰਹੇ ਸੈਨਿਕਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਇਹ ਵਿੱਤੀ ਸਹਾਇਤਾ ਰਾਜਿਆ ਸੈਨਿਕ ਬੋਰਡ, ਪੰਜਾਬ ਅਤੇ ਜਿਲ੍ਹਾ ਸੈਨਿਕ ਬੋਰਡ/ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰਾਂ ਦੇ ਰਾਹੀਂ ਕੀਤੀ ਜਾਂਦੀ ਹੈ।

5. ਭਾਰਤ ਸਰਕਾਰ, ਵਿੱਤ ਮੰਤਰਾਲਿਆ, ਇੰਨਕਮ ਟੈਕਸ ਵਿਭਾਗ, ਕਮਿਸ਼ਨਰ ਇੰਨਕਮ ਟੈਕਸ ਐਕਜੰਪਸ਼ਨਜ, ਚੰਡੀਗੜ੍ਹ ਦੇ ਪੱਤਰ ਨੰ: ITBA/COM/F/17/2019 20/1026842540(1) ਮਿਤੀ 20.03.2020 (ਰਜਿਸਟਰੇਸ਼ਨ 80G/AAALA206N/2069) ਦੇ ਤਹਿਤ ਸੈਨਾ ਝੰਡਾ ਦਿਵਸ ਸਬੰਧੀ ਦਾਨ ਕੀਤੀ ਰਾਸ਼ੀ ਇਨਕਮ ਟੈਕਸ ਮੁਕਤ ਹੈ।

6. ਉਪਰੋਕਤ ਦੇ ਸਨਮੁੱਖ ਝੰਡਾ ਦਿਵਸ ਸਬੰਧੀ ਜਨਤਕ ਦਿਲਚਸਪੀ ਪੈਦਾ ਕਰਨ ਵਾਸਤੇ ਅਤੇ ਆਮ ਜਨਤਾ ਨੂੰ ਉਸ ਦਿਨ ਦੀ ਮਹੱਤਤਾ ਬਾਰੇ ਜਾਣਕਾਰੀ ਦੇਣ ਦੀ ਜਰੂਰਤ ਹੈ। ਜ਼ਿਆਦਾ ਤੋਂ ਜ਼ਿਆਦਾ ਰਾਸ਼ੀ ਇਕੱਤਰ ਕਰਨ ਵਾਸਤੇ ਇਸ ਦਿਨ ਦੀ ਮਹੱਤਤਾ ਸਬੰਧੀ ਜਾਣਕਾਰੀ ਸਮੂਹ ਦਫਤਰਾਂ ਵਿੱਚ ਦੇਣ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ।

ਮਿਤੀ: 11.09.2024
ਚੰਡੀਗੜ੍ਹ,

ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ

1. ਉਤਾਰਾ ਸਮੂਹ ਵਿੱਤੀ ਕਮਿਸ਼ਨਰਜ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

2. ਉਤਾਰਾ ਸਮੂਹ ਵਿਸ਼ੇਸ਼ ਸਕੱਤਰ, ਵਧੀਕ ਸਕੱਤਰ ,ਸੰਯੁਕਤ ਸਕੱਤਰ, ਉਪ ਸਕੱਤਰ ਅਤੇ ਅਧੀਨ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਉਪ ਸਕੱਤਰ
੧੨.੦੧ ੨੦੨੫

ਸੇਵਾ ਵਿਖੇ,

1. ਸਮੂਹ ਵਿੱਤੀ ਕਮਿਸ਼ਨਰਜ, ਪ੍ਰਮੁੱਖ ਸਕੱਤਰਜ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।
2 ਸਮੂਹ ਵਿਸ਼ੇਸ਼ ਸਕੱਤਰ, ਵਧੀਕ ਸਕੱਤਰ, ਸੰਯੁਕਤ ਸਕੱਤਰ, ਉਪ ਸਕੱਤਰ ਅਧੀਨ ਸਕੱਤਰ, ਪੰਜਾਬ ਸਰਕਾਰ।

ਉਤਾਰਾ ਸਕੱਤਰ ਰਾਜਿਆ ਸੈਨਿਕ ਬੋਰਡ-ਕਮ-ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਨੂੰ ਪੱਤਰ ਨੰ: 1/11/ਫਡਟ/2ਟ/2024/500 ਮਿਤੀ 23.8.2024 ਦੇ ਹਵਾਲੇ ਵਿੱਚ ਭੇਜਿਆ ਜਾਂਦਾ ਹੈ।

ਉਪ ਸਕੱਤਰ
੧੨.੦੧ ੨੦੨੫